ਸੱਭਿਅਕ ਸਮਾਜ ਦੇ ਲਈ ਲੜਕੀਆਂ ਦਾ ਸਿਹਤਮੰਦ ਅਤੇ ਸਿੱਖਿਅਤ ਹੋਣਾ ਬਹੁਤ ਜ਼ਰੂਰੀ : ਵਧੀਕ ਡਿਪਟੀ ਕਮਿਸ਼ਨਰ

14 ਅਕਤੂਬਰ ਤੱਕ ਮਨਾਏ ਜਾ ਰਹੇ ਬੇਟੀ ਬਚਾਓ, ਬੇਟੀ ਪੜ੍ਹਾਓ ਹਫ਼ਤੇ ਦਾ ਆਗਾਜ਼

ਤਰਨਤਾਰਨ, 9 ਅਕਤੂਬਰ :

ਇੱਕ ਸੱਭਿਅਕ ਸਮਾਜ ਦੇ ਲਈ ਲੜਕੀਆਂ ਦਾ ਸਿਹਤਮੰਦ ਅਤੇ ਸਿੱਖਿਅਤ ਹੋਣਾ ਬਹੁਤ ਜ਼ਰੂਰੀ ਹੈ। ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਵਧੀਕ ਡਿਪਟੀ ਕਮਿਸ਼ਨਰ (ਜਨਰਲ) ਸ੍ਰੀ ਸੰਦੀਪ ਰਿਸ਼ੀ ਨੇ ਅੱਜ ਸੇਵਾ ਦੇਵੀ ਬੀ. ਐੱਡ.. ਕਾਲਜ ਵਿਖੇ 9 ਅਕਤੂਬਰ ਤੋਂ 14 ਅਕਤੂਬਰ ਤੱਕ ਮਨਾਏ ਜਾ ਰਹੇ ਬੇਟੀ ਬਚਾਓ, ਬੇਟੀ ਪੜ੍ਹਾਓ ਹਫ਼ਤੇ ਦਾ ਆਗਾਜ਼ ਕਰਦਿਆਂ ਕੀਤਾ।




ਇਸ ਮੌਕੇ ਵਧੀਕ ਡਿਪਟੀ ਕਮਿਸ਼ਨਰ (ਵਿਕਾਸ) ਪ੍ਰੋ. ਰਾਕੇਸ਼ ਕੁਮਾਰ, ਐਸ.ਡੀ.ਐਮ. ਤਰਨਤਾਰਨ ਡਾ. ਅਮਨਦੀਪ ਕੌਰ, ਜ਼ਿਲ੍ਹਾ ਪ੍ਰੋਗਰਾਮ ਅਫ਼ਸਰ ਸ੍ਰੀਮਤੀ ਹਰਦੀਪ ਕੌਰ, ਜ਼ਿਲ੍ਹਾ ਸਿੱਖਿਆ ਅਫ਼ਸਰ (ਸੈਕੰਡਰੀ) ਸ੍ਰੀ ਨਿਰਮਲ ਸਿੰਘ, ਜ਼ਿਲ੍ਹਾ ਸਿੱਖਿਆ ਅਫ਼ਸਰ (ਪ੍ਰਾਇਮਰੀ) ਸ੍ਰੀ. ਬਲਬੀਰ ਸਿੰਘ, ਸਹਾਇਕ ਸਿਵਲ ਸਰਜਨ ਸ੍ਰੀਮਤੀ ਕਿਰਨਦੀਪ ਕੌਰ, ਜ਼ਿਲ੍ਹਾ ਪਰਿਵਾਰ ਭਲਾਈ ਅਫ਼ਸਰ ਜਗਤਿੰਦਰ ਸਿੰਘ, ਪ੍ਰਿੰਸੀਪਲ ਸਤਿੰਦਰ ਕੌਰ ਗਿੱਲ, ਸਰਕਾਰੀ ਸੀਨੀਅਰ ਸੈਕੰਡਰੀ ਸਕੂਲ (ਲੜਕੇ) ਤਰਨਤਾਰਨ ਦੇ ਪ੍ਰਿੰਸੀਪਲ ਰੀਟਾ ਗਿੱਲ ਤੋਂ ਇਲਾਵਾ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀ ਹਾਜ਼ਰ ਸਨ।

ਇਸ ਮੌਕੇ ਸੰਬੋਧਨ ਕਰਦਿਆਂ ਵਧੀਕ ਡਿਪਟੀ ਕਮਿਸ਼ਨਰ ਨੇ ਕਿਹਾ ਕਿ ਅਜੋਕੇ ਯੁੱਗ ਵਿੱਚ ਲੜਕੀਆਂ ਹਰ ਖੇਤਰ ਵਿੱਚ ਲੜਕਿਆਂ ਨਾਲੋਂ ਬਿਹਤਰ ਹਨ। ਉਨ੍ਹਾਂ ਕਿਹਾ ਕਿ ਪੂਰੇ ਦੇਸ਼ ਵਿੱਚ ਬੇਟੀ ਬਚਾਓ, ਬੇਟੀ ਪੜ੍ਹਾਓ ਮੁਹਿੰਮ ਦੀ ਲਹਿਰ ਚੱਲ ਰਹੀ ਹੈ ਅਤੇ ਇਸ ਤਹਿਤ ਲੋਕਾਂ ਨੂੰ ਲੜਕੀਆਂ ਨੂੰ ਕੁੱਖ ਵਿੱਚ ਨਾ ਮਾਰਨ ਅਤੇ ਉਨ੍ਹਾਂ ਨੂੰ ਚੰਗੀ ਸਿੱਖਿਆ ਦੇਣ ਲਈ ਪ੍ਰੇਰਿਤ ਕੀਤਾ ਜਾ ਰਿਹਾ ਹੈ।

ਉਨ੍ਹਾਂ ਦੱਸਿਆ ਕਿ ਜੇਕਰ ਇੱਕ ਲੜਕੀ ਪੜ੍ਹ ਜਾਂਦੀ ਹੈ ਤਾਂ ਪੂਰਾ ਸਮਾਜ ਸਿੱਖਿਅਤ ਹੋ ਜਾਂਦਾ ਹੈ। ਅੱਜ ਦੇ ਯੁੱਗ ਵਿੱਚ ਚੰਗੀ ਸਿੱਖਿਆ ਲੜਕੀਆਂ ਦੇ ਲਈ ਬਹੁਤ ਹੀ ਜਰੂਰੀ ਹੈ। ਉਨ੍ਹਾਂ ਕਿਹਾ ਕਿ ਸਾਨੂੰ ਅੱਜ ਤੋਂ ਹੀ ਸੰਕਲਪ ਲੈਣਾ ਚਾਹੀਦਾ ਹੈ ਕਿ ਧੀਆਂ ਨੂੰ ਸੰਭਾਲਾਂਗੇ, ਚੰਗੀ ਸਿੱਖਿਆ ਦੇਵਾਂਗੇ ਅਤੇ ਬਰਾਬਰਤਾ ਦਾ ਹੱਕ ਦੇਵਾਂਗੇ। ਉਨ੍ਹਾਂ ਕਿਹਾ ਕਿਸਾਨੂੰ ਲੜਕੀਆਂ ਅਤੇ ਲੜਕਿਆਂ ਵਿਚਕਾਰ ਕਿਸੇ ਵੀ ਪ੍ਰਕਾਰ ਦਾ ਕੋਈ ਅੰਤਰ ਨਹੀਂ ਸਮਝਣਾ ਚਾਹੀਦਾ ਅਤੇ ਲੜਕੀਆਂ ਦੀ ਪਾਲਣ ਪੋਸ਼ਣ ਲੜਕਿਆਂ ਦੇ ਸਮਾਨ ਹੀ ਕਰਨਾ ਚਾਹੀਦਾ ਹੈ। ਉਹਨਾਂ ਅੱਗੇ ਕਿਹਾ ਕਿ ਅੱਜ ਦੇ ਯੁੱਗ ਵਿੱਚ ਔਰਤਾਂ ਹਰ ਖੇਤਰ ਵਿੱਚ ਮਰਦਾ ਦੇ ਮੁਕਾਬਲੇ ਵਿੱਚ ਤਰੱਕੀ ਕਰ ਰਹੀਆਂ ਹਨ।

ਉਨ੍ਹਾਂ ਕਿਹਾ ਕਿ ਇਸ ਪੂਰੇ ਜਾਗਰੂਕਤਾ ਹਫ਼ਤੇ ਦੌਰਾਨ ਵੱਖ-ਵੱਖ ਤਰ੍ਹਾਂ ਦੇ ਪ੍ਰੋਗਰਾਮ ਉਲੀਕੇ ਗਏ ਹਨ, ਜਿਨ੍ਹਾਂ ਵਿੱਚ ਹਰੇਕ ਪੰਚਾਇਤ ਵੱਲੋਂ ਮਾਦਾ ਭਰੂਣ ਹੱਤਿਆਂ ਵਿਰੁੱਧ ਮਤਾ ਪਾਉਣਾ, ਰੈਲੀਆਂ, ਪੋਸਟਰ ਮੁਕਾਬਲੇ, ਨਵਜਨਮੀਆਂ ਬੱਚੀਆਂ ਦੇ ਪਰਿਵਾਰਾਂ ਨੂੰ ਵਧਾਈ ਕਾਰਡ ਵੰਡਣੇ, ਸਕੂਲ ਮੇਲਾ ਆਦਿ ਸ਼ਾਮਿਲ ਹਨ।

ਇਸ ਮੌਕੇ ’ਤੇ ਵੱਖ-ਵੱਖ ਸਕੂਲਾਂ ਦੇ ਵਿਦਿਆਰਥੀਆਂ ਵੱਲੋਂ ਲੋਕਾਂ ਨੂੰ ਕੰਨਿਆ ਭਰੂਣ ਹੱਤਿਆ ਖ਼ਿਲਾਫ਼ ਜਾਗਰੂਕ ਕਰਨ ਲਈ ਪ੍ਰੋਗਰਾਮਾਂ ਦੀ ਪੇਸ਼ਕਾਰੀ ਕੀਤੀ ਗਈ। ਇਸ ਮੌਕੇ ’ਤੇ ਸੀਨੀਅਰ ਮੈਡੀਕਲ ਅਫ਼ਸਰ ਡਾ. ਰੋਹਿਤ ਮਹਿਤਾ, ਡਾ. ਪਵਨ ਅਗਰਵਾਲ, ਡਾ. ਕੁੰਵਰ ਹਰਜੋਤ ਸਿੰਘ, ਡਾ. ਇੰਦਰ ਮੋਹਨ ਗੁਪਤਾ ਆਦਿ ਹਾਜ਼ਰ ਸਨ।

------------------------